**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰਾਜੀਵ ਸਿੰਗਲਾ
ਮਕਾਨ ਨੰ: 325, ਸਾਸ਼ਤਰੀ ਨਗਰ, ਸੈਕਟਰ 4 ਸੀ,
ਡਾਕਖਾਨਾ ਮੰਡੀ ਗੋਬਿੰਦਗੜ੍ਹ, ਜਿਲ੍ਹਾ ਫਤਿਹਗੜ੍ਹ ਸਾਹਿਬ ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ, ਐਸ.ਐਸ.ਪੀ., ਫਤਿਹਗੜ੍ਹ ਸਾਹਿਬ
ਪਹਿਲੀ ਅਪੀਲੀ ਅਥਾਰਟੀ, ਦਫਤਰ, ਆਈ.ਜੀ.ਪੀ., ਰੂਪਨਗਰ ਰੇਂਜ਼,
ਰੂਪਨਗਰ। -----ਉੱਤਰਦਾਤਾ

**ਅਪੀਲ ਕੇਸ ਨੰ: 2469 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋਂ ਸ੍ਰੀ ਰਾਜੀਵ ਸਿੰਗਲਾ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਰਣਜੀਤ ਸਿੰਘ, ਏ.ਐਸ.ਆਈ.(8360834611)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-04-2019, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਸ.ਪੀ., ਫਤਿਹਗੜ੍ਹ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 31-3-2019 ਤੋ਼ 1-4-2019 ਤੱਕ ਦੇ ਡਿਊਟੀ ਰੋਸਟਰ, ਰੋਜਨਾਮਚਾ ਅਤੇ ਇਸ ਸਮੇ ਦੋਰਾਨ ਓਮ ਪ੍ਰਕਾਸ਼ ਬਾਂਸਲ ਮੋਡਰਨ ਸਕੂਲ ਵਲੌਂ ਦਿੱਤੀ ਸ਼ਿਕਾਇਤ ਨਾਲ ਸਬੰਧਤ 03 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 2-5-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਸ ਕੇਸ ਵਿਚ ਪੁਰਵਲੇ ਕਮਿਸ਼ਨ ਸ੍ਰੀ ਯਸ਼ਵੀਰ ਮਹਾਜਨ ਜੀ ਵਲੌਂ ਅਗਲੀ ਮਿਤੀ ਬਾਰੇ ਬਾਅਦ ਵਿਚ ਸੂਚਿਤ ਕਰਨ ਲਈ ਲਿਖਿਆ ਗਿਆ ਸੀ। ਇਹ ਕੇਸ ਇਸ ਕਮਿਸ਼ਨ ਨੂੰ ਅਲਾਟ ਹੋਣ ਉਪਰੰਤ ਇਸ ਕਮਿਸ਼ਨ ਵਲੋਂ ਇਸ ਅਪੀਲ ਕੇਸ ਨੂੰ ਪੜਚੋਲਣ ਉਪਰੰਤ ਮਿਤੀ 18-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਸਨੂੰ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਮਿਤੀ 31-3-2019 ਨੂੰ 4 ਮੁਲਾਜਮ ਸਕੂਲ ਗਏ ਸਨ ਪਰ ਪੁਲਿਸ ਵਲੋਂ ਕੇਵਲ 3 ਦੀ ਸੂਚਨਾ ਦਿੱਤੀ ਹੈ ਚੌਥੇ ਮੁਲਾਜਮ ਦੀ ਸੂਚਨਾ ਨਹੀਂ ਦਿੱਤੀ ਗਈ। ਇਸ ਤਰ੍ਹਾਂ ਉਸ ਵਲੋ ਦਸਿਆ ਗਿਆ ਅਜੇ ਤੱਕ ਮੁਕੰਮਲ ਸੂਚਨਾ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਰਣਜੀਤ ਸਿੰਘ, ਏ.ਐਸ.ਆਈ. ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਦੀ ਮੰਗ ਅਨੁਸਾਰ ਉਸਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ।ਉਸ ਵਲੋਂ ਪੱਤਰ ਨ; 2022/ਆਰ.ਟੀ.ਆਈ. ਮਿਤੀ 4-11-2019 ਪੇਸ਼ ਕੀਤਾ ਗਿਆ ਜ਼ੋ ਪਹਿਲਾਂ ਹੀ ਮਿਸਲ ਤੇ ਉਪਲਭਧ ਹੈ।

4. ਅਪੀਲਕਰਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਸੂਚਨਾ ਅਧੂਰੀ ਦਿੱਤੀ ਗਈ ਹੈ । ਉੱਤਰਦਾਤਾਰ (ਲੋਕ ਸੂਚਨਾ ਅਫਸਰ) ਵਲੋਂ ਹਾਜ਼ਰ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪੱਤਰ ਨੰ: 2022 /ਆਰ.ਟੀ.ਆਈ. ਮਿਤੀ 4-11-2019 ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਸਬੰਧੀ ਪੱਤਰ ਨੰ: 3702/5ਏ/ਥਾਣਾ ਸਰਹਿੰਦ ਮਿਤੀ 7-10-2019 ਮਿਸਲ ਤੇ ਉਪਭਧ ਹੈ ਜਿਸ ਅਨੁਸਰ ਅਪੀਲਕਰਤਾ ਨੂੰ 05 ਨੁਕਤਿਆਂ ਸਬੰਧੀ ਸੂਚਨਾ ਮਿਤੀ 18-10-2019 ਨੂੰ ਰਸੀਵ ਕਰਵਾ ਦਿੱਤੀ ਗਈ ਹੈ। ਅਪੀਲਕਰਤਾ ਵਲੋਂ ਮੰਗ ਕੀਤੀ ਜਾ ਰਹੀ ਹੈ ਕਿ 4 ਮੁਲਾਜ਼ਮ ਸਕੂਲ ਗਏ ਸਨ ਕੇਵਲ 3 ਦੀ ਸੂਚਨਾ ਦਿੱਤੀ ਗਈ ਹੈ ਚੋਥੇ ਮੁਲਾਜ਼ਮ ਦੀ ਸੂਚਨਾ ਨਹੀ਼ ਦਿੱਤੀ ਜਾ ਰਹੀ।

ਇਸ ਗੱਲ ਦਾ ਕੋਈ ਸਬੰਧ ਨਹੀਂ, ਸਬੰਧਤ ਰਿਕਾਰਡ ਦੇਣਾ ਸੀ ਜ਼ੋ ਦੇ ਦਿੱਤਾ ਗਿਆ ਹੈ। ਇਸ ਤਰ੍ਹਾਂ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 29 ਜਨਵਰੀ, 2020.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਵਿਕਰਮ ਵੈਦ, 9855032897
1527, ਗਲੀ ਨੰ: 023 ਬਾਗ ਰਾਮਾਨੰਦ, ਅੰਮ੍ਰਿਤਸਰ ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ, ਡੀ.ਜੀ.ਪੀ., ਪੰਜਾਬ ਪੁਲਿਸ ਹੈਡ ਕੁਆਰਟਰ,
ਸੈਕਟਰ 9, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ, ਦਫਤਰ, ਪੰਜਾਬ ਪੁਲਿਸ ਹੈਡ ਕੁਆਰਟਰ,
ਸੈਕਟਰ 9, ਚੰਡੀਗੜ੍ਹ। -----ਉੱਤਰਦਾਤਾ

**ਅਪੀਲ ਕੇਸ ਨੰ: 1712 ਆਦ 2017 ਅਤੇ 2416 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋਂ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਅਜੇ ਕੁਮਾਰ ਜੂਨੀਅਰ ਸਹਾਇਕ (8360083972)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 2-03-2017 ਅਤੇ 25-2-2019, ਲੋਕ ਸੂਚਨਾ ਅਧਿਕਾਰੀ ਦਫਤਰ ਡੀ.ਜੀ.ਪੀ., ਪੰਜਾਬ ਪੁਲਿਸ ਹੈਡ ਕੁਆਰਟਰ,ਸੈਕਟਰ 9, ਚੰਡੀਗੜ੍ਹ ਨੂੰ ਪੇਸ਼ ਕੀਤਾ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ ਸਿਵਲ ਹਸਪਤਾਲ ਵਿਚ ਕਪਿਊਅਰਾਇਜ਼ ਐਮ.ਐਲ.ਆਰ. ਬਣਾਉਣ ਦੀ ਵਾਈਲੇਸ਼ਨ ਵਿਚ ਜ਼ੋ ਡਾਕਟਰਾਂ ਵਲੋਂ ਮੈਨੁਅਲੀ ਮੈਡੀਕਲ ਲੀਗਲ ਰਿਪੋਰਟ ਬਣਾ ਰਹੇ ਹਨ ਨਾਲ ਸਬੰਧਤ ਕ੍ਰਮਵਾਰ 02 ਅਤੇ 03 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-4-2017 ਅਤੇ ਮਿਤੀ 9-4-2019 ਰਾਹੀਂ ਦੋਨਾਂ ਕੇਸਾਂ ਵਿਚ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਕ੍ਰਮਵਾਰ ਮਿਤੀ 27-6-2017 ਅਤੇ ਮਿਤੀ 04-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਹ ਦੋਵੇਂ ਕੇਸ ਪੁਰਵਲੇ ਕਮਿਸ਼ਨ ਸ੍ਰੀ ਯਸ਼ਵੀਰ ਮਹਾਜਨ ਜੀ ਵਲੌਂ ਕਲੱਬ ਕਰਦੇ ਹੋਏ ਡਾਇਰੈਕਟਰ ਮੈਡੀਕਲ ਰਿਸਰਚ ਅਤੇ ਐਜੂਕੇਸ਼ਨ ਦੇ ਨਾਲ ਨਾਲ ਪੁਲਿਸ ਵਿਭਾਗ ਨੂੰ ਸਟੇਟਸ ਰਿਪੋਰਟ ਪੇਸ਼ ਕਰਨ ਲਈ ਅਗਲੀ ਮਿਤੀ ਦਿੱਤੀ ਜਾਣੀ ਸੀ। ਇਹ ਕੇਸ ਇਸ ਕਮਿਸ਼ਨ ਨੂੰ ਅਲਾਟ ਕਰਨ ਉਪਰੰਤ ਇਸ ਕਮਿਸ਼ਨ ਵਲੋਂ ਇਨ੍ਹਾਂ ਅਪੀਲ ਕੇਸਾਂ ਨੂੰ ਪੜਚੋਲਣ ਉਪਰੰਤ ਮਿਤੀ 18-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ ਰਾਹੀਂ ਦਸਿਆ ਗਿਆ ਕਿ ਘਰੇਲੂ ਕਾਰਨਾ ਕਰਕੇ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਅਗਲੀ ਮਿਤੀ ਦਿੱਤੀ ਜਾਵੇ। ਈ.ਮੇਲ. ਮਿਤੀ 28-1-2019 ਮਿਸਲ ਤੇ ਰੱਖ ਲਈ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਅਜੇ ਕੁਮਾਰ ਜੂਨੀਅਰ ਸਹਾਇਕ ਹਾਜ਼ਰ ਹੋਇਆ । ਉਸ ਵਲੋਂ ਪੱਤਰ ਨੰ: 911/ਸੀ.ਆਰ./ਐਲ.ਏ.5(ਕਰਾਇਮ) ਮਿਤੀ 29-1-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਵਲੋਂ ਆਪਣੀ ਈ.ਮੇਲ ਰਾਹੀਂ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਪੱਤਰ ਮਿਤੀ 29-1-2020 ਰਾਹੀਂ ਦਸਿਆ ਗਿਆ ਕਿ ਇਸ ਕੇਸ ਵਿਚ ਪਹਿਲਾਂ ਹੀ ਪ੍ਰਾਰਥੀ ਸ੍ਰੀ ਵਿਕਰਮ ਵੈਦ ਵਲੋਂ ਅਪੀਲ ਨੰ: 1712/2017 ਫਾਇਲ ਕੀਤੀ ਗਈ ਹੈ ਜ਼ੋ ਕੋਰਟ ਵਿਚ ਲੰਬਤ ਹੈ ਜਿਸਦੀ ਤਾਰੀਖ ਮਿਤੀ 7-11-2019 ਵਿਚ ਜਵਾਬ ਭੇਜਿਆ ਜਾ ਚੁੱਕਾ ਹੈ।ਇਹ ਦੋਵੇ ਕੇਸ ਫਾਇਲ ਕੀਤੇ ਜਾ ਚੁੱਕੇ ਹਨ। ਵਿਭਾਗ ਵਲੋਂ ਪੇਸ਼ ਕੀਤੇ ਗਏ ਪੱਤਰ ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਉੱਤਰ ਦਿੱਤਾ ਜਾ ਚੁੱਕਾ ਹੈ। ਪਰ ਫਿਰ ਵੀ ਅਪੀਲਕਰਤਾ ਦੀ ਬੇਨਤੀ ਨੂੰ ਧਿਆਨ ਵਿਚ ਰਖਦੇ ਹੋਏ ਉਸਦੀ ਪ੍ਰਤੀਕ੍ਰਿਆ ਜਾਣਨ ਲਈ ਅਗਲੀ ਮਿਤੀ ਤੇ ਸੁਣਵਾਈ ਲਈ ਰੱਖ ਲਿਆ ਗਿਆ ਹੈ। **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 04-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤੇ ਜਾਂਦੇ ਹਨ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 29 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਹਰਦੀਪ ਸਿੰਘ ਪੁੱਤਰ ਸ੍ਰੀ ਤਰਸੇਮ ਲਾਲ,(914847273)
ਪਿੰਡ ਨੂਰਪੁਰ, ਤਹਿਸੀਲ ਬੰਗਾ, ਜਿਲਾ ਸ਼ਹੀਦ ਭਗਤ ਸਿੰਘ ਨਗਰ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ, ਡੀ.ਡੀ.ਪੀ.ਓ. ਨਵਾਂਸ਼ਹਿਰ।

ਪਹਿਲੀ ਅਪੀਲੀ ਅਥਾਰਟੀ, ਦਫਤਰ, ਅਡੀਸ਼ਨ ਡੀ.ਸੀ. ਨਵਾਂਸ਼ਹਿਰ -----ਉੱਤਰਦਾਤਾ

**ਅਪੀਲ ਕੇਸ ਨੰ: 737 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋਂ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਕੋਈ ਨਹੀਂ

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-09-2018 ਲੋਕ ਸੂਚਨਾ ਅਧਿਕਾਰੀ ਦਫਤਰ ਡੀ.ਡੀ.ਪੀ.ਓ. ਨਵਾਂਸ਼ਹਿਰ ਨੂੰ ਪੇਸ਼ ਕੀਤਾ ਜਿਸ ਰਾਹੀਂ ਉਸਨੇ ਡੀ.ਸੀ. ਨਵਾਂਸ਼ਹਿਰ ਨੁ ਦਿੱਤੀ ਦਰਖਾਸਤ ਨੰ: 1875 ਪੀ.ਜੀ.ਏ. ਮਿਤੀ 25-4-2017 ਜਿਸਦੀ ਪੜਤਾਲ ਡੀ.ਡੀ.ਪੀ.ਓ.ਨਵਾਂਸ਼ਹਿਰ ਵਲੋਂ ਕੀਤੀ ਗਈ ਸੀ ਨਾਲ ਸਬੰਧਤ 11 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-11-2018 ਰਾਹੀਂ ਇਸ ਕੇਸ ਵਿਚ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-8-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਹ ਕੇਸ ਪੁਰਵਲੇ ਕਮਿਸ਼ਨ ਸ੍ਰੀ ਯਸ਼ਵੀਰ ਮਹਾਜਨ ਜੀ ਵਲੋਂ ਮਿਤੀ 14-11-2019 ਨੂੰ ਸੁਣਿਆ ਗਿਆ ਸੀ। ਹੁਣ ਇਹ ਕੇਸ ਇਸ ਕਮਿਸ਼ਨ ਨੂੰ ਅਲਾਟ ਕਰਨ ਉਪਰੰਤ ਇਸ ਕਮਿਸ਼ਨ ਵਲੋਂ ਇਨ੍ਹਾਂ ਅਪੀਲ ਕੇਸਾਂ ਨੂੰ ਪੜਚੋਲਣ ਉਪਰੰਤ ਮਿਤੀ 18-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਅਪੀਲਕਰਤਾ ਵਲੋਂ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ ਰਾਹੀਂ ਪੱਤਰ ਮਿਤੀ 23-01-2020 ਭੇਜਦੇ ਹੋਏ ਸੂਚਿਤ ਕੀਤਾ ਗਿਆ ਹੈ ਕਿ ਉਸਨੂੰ ਬਾਕੀ ਰਹਿੰਦੀ ਸਾਰੀ ਸੂਚਨਾ ਡੀ.ਡੀ.ਪੀ.ਓ. ਜ਼ਿਲ੍ਹਾ ਸ:ਭ:ਸ:ਨਗਰ ਜੀ ਵਲੋਂ ਦੇ ਦਿੱਤੀ ਗਈ ਹੈ ਇਸ ਲਈ ਇਹ ਕੇਸ ਬੰਦ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

4. ਇਸ ਕੇਸ ਵਿਚ ਅਪਲਕਰਤਾ ਵਲੋਂ ਪ੍ਰਾਪਤ ਈ.ਮੇਲ ਪੱਤਰ ਮਿਤੀ 23-1-2020 ਰਾਹੀਂ ਅਪੀਲਕਰਤਾ ਵਲੋਂ ਸੁਚਿਤ ਕੀਤਾ ਗਿਆ ਹੈ ਕਿ ਉਸਨੂੰ ਸਾਰੀ ਸੂਚਨਾ ਪ੍ਰਾਪਤ ਹੋ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 29 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਰਿਟਾਇਰਡ ਸੁਬੇਦਾਰ ਸ੍ਰੀ ਹਾਕਮ ਸਿੰਘ ਪੁੱਤਰ ਸ੍ਰੀ ਜ਼ੋਗਿੰਦਰ ਸਿੰਘ 9914040774
ਪਿੰਡ ਪਮੌਰ, ਤਹਿਸੀਲ ਬਸੀ ਪਠਾਣਾ, ਜਿਲ੍ਹਾ ਫਤਿਹਗੜ੍ਹ ਸਾਹਿਬ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਬੀ.ਡੀ.ਪੀ.ਓ. ਫਤਿਹਗੜ੍ਹ ਸਾਹਿਬ।

ਪਹਿਲੀ ਅਪੀਲੀ ਅਥਾਰਟੀ,
ਦਫਤਰ, ਡੀ.ਡੀ.ਪੀ.ਓ. ਫਤਿਹਗੜ੍ਹ ਸਾਹਿਬ -----ਉੱਤਰਦਾਤਾ

**ਅਪੀਲ ਕੇਸ ਨੰ: 2230 ਆਫ 2019**

**ਹਾਜ਼ਰ:**

1. ਅਪੀਲਕਰਤਾ ਰਿਟਾਇਰਡ ਸੁਬੇਦਾਰ ਸ੍ਰੀ ਹਾਕਮ ਸਿੰਘ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਹਰਜੀਤ ਸਿੰਘ, ਪੰਚਾਇਤ ਸਕੱਤਰ (9780080248)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-7-2017 ਲੋਕ ਸੂਚਨਾ ਅਧਿਕਾਰੀ ਦਫਤਰ ਬੀ.ਡੀ.ਪੀ.ਓ. ਫਤਿਹਗੜ੍ਹ ਸਾਹਿਬ ਨੂੰ ਪੇਸ਼ ਕੀਤਾ ਜਿਸ ਰਾਹੀਂ ਉਸਨੇ ਪਿੰਡ ਪਮੌਰ ਨੂੰ ਮਿਲੀ ਗਰਾਂਟ ਅਤੇ ਪਿੰਡ ਵਿਚ ਹੋਏ ਕੰਮਾਂ ਤੇ ਖਰਚ ਦੀ ਜਾਣਕਾਰੀ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-2-2018 ਰਾਹੀਂ ਇਸ ਕੇਸ ਵਿਚ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਹ ਕੇਸ ਪੁਰਵਲੇ ਕਮਿਸ਼ਨ ਸ੍ਰੀ ਯਸ਼ਵੀਰ ਮਹਾਜਨ ਜੀ ਵਲੋਂ ਮਿਤੀ 14-11-2019 ਨੂੰ ਸੁਣਿਆ ਗਿਆ ਸੀ। ਹੁਣ ਇਹ ਕੇਸ ਇਸ ਕਮਿਸ਼ਨ ਨੂੰ ਅਲਾਟ ਕਰਨ ਉਪਰੰਤ ਇਸ ਕਮਿਸ਼ਨ ਵਲੋਂ ਇਨ੍ਹਾਂ ਅਪੀਲ ਕੇਸਾਂ ਨੂੰ ਪੜਚੋਲਣ ਉਪਰੰਤ ਮਿਤੀ 18-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਜੇ ਤੱਕ ਵੀ ਸਹੀ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ। ਉਸ ਵੱਲੋਂ ਦਸਿਆ ਗਿਆ ਕਿ ਵਾਟਰ ਸਪਲਾਈ ਵਿਭਾਗ ਦੀ ਸੂਚਨਾ ਵੀ ਅੱਜੇ ਤੱਕ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਹਰਜੀਤ ਸਿੰਘ, ਪੰਚਾਇਤ ਸਕੱਤਰ ਹਾਜ਼ਰ ਹੋਇਆ। ਉਸ ਵਲੋਂ ਪੱਤਰ ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਕਮਿਸ਼ਨ ਨੂੰ ਉਤਾਰਾ ਕੀਤਾ ਗਿਆ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਵਲੋਂ ਦਸਿਆ ਗਿਆ ਕਿ ਦਿੱਤੀ ਗਈ ਜਾਣਕਾਰੀ ਤਸਦੀਕ ਨਹੀਂ ਹੈ। ਉਤੱਰਦਾਤਾ ਵਲੋਂ ਪੇਸ਼ ਕੀਤੇ ਗਏ ਉੱਤਰ ਪੱਤਰ ਅਨੁਸਾਰ ਉਨ੍ਹਾਂ ਦੇ ਵਿਭਾਗ ਨਾਲ ਸਬੰਧਤ ਸੂਚਨਾ ਪਹਿਲਾਂ ਹੀ ਦੇ ਦਿੱਤੀ ਗਈ ਸੀ ਅਤੇ ਰਹਿੰਦੀ ਸੂਚਨਾ ਵੀ ਪੇਸ਼ੀ ਦੋਰਾਨ ਤਸਦੀਕ ਕਰਕੇ ਅਪੀਲਕਰਤਾ ਨੂੰ ਦੇ ਦਿੱਤੀ ਗਈ । ਇਸ ਤਰ੍ਹਾਂ ਹੁਣ ਵਾਟਰ ਸਪਲਾਈ ਵਿਭਾਗ ਨਾਲ ਸਬੰਧਤ ਸੂਚਨਾ ਪੈਡਿੰਗ ਹੈ ਜ਼ੋ ਕਿ ਉਨ੍ਹਾਂ ਦੇ ਵਿਭਾਗ ਵਲੋਂ ਦਿੱਤੀ ਜਾਣੀ ਹੈ, ਪਰ ਵਾਟਰ ਸਪਲਾਈ ਵਿਭਾਗ ਦਾ ਨੁਮਾਇੰਦਾ ਹਾਜ਼ਰ ਨਹੀਂ ਹੋਇਆ। ਇਸ ਸਬੰਧ ਵਿਚ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਕਿ ਸਬੰਧਤ ਵਿਭਾਗ ਨੂੰ ਪਹਿਲੇ ਪੱਤਰ ਦੇ ਹਵਾਲੇ ਵਿਚ ਰਿਮਾਇਰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 11-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 29 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਦਲਜੀਤ ਸਿੰਘ 7888406065
ਪਿੰਡ ਭੈਨੀ ਬਦੇਸ਼ਾ ਡਾਕ: ਖਿਲਚੀਆਂ ਤਹਿਸੀਲ ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਬੀ.ਡੀ.ਪੀ.ਓ. ਜੰਡੀਆਲਾ ਗੁਰੂ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ, ਦਫਤਰ,
ਡੀ.ਡੀ.ਪੀ.ਓ. ਅੰਮ੍ਰਿਤਸਰ -----ਉੱਤਰਦਾਤਾ

**ਅਪੀਲ ਕੇਸ ਨੰ: 1993 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋਂ ਕੋਈ ਨਹੀਂ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਨਰਿੰਦਰ ਸਿੰਘ ਪੰਚਾਇਤ ਸਕੱਤਰ (9780004973)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-03-2019 ਲੋਕ ਸੂਚਨਾ ਅਧਿਕਾਰੀ ਦਫਤਰ ਬੀ.ਡੀ.ਪੀ.ਓ. ਜੰਡੀਆਲਾ ਗੁਰੂ ਅੰਮ੍ਰਿਤਸਰ ਨੂੰ ਪੇਸ਼ ਕੀਤਾ ਜਿਸ ਰਾਹੀਂ ਉਸਨੇ ਸਾਲ 2013 ਤੋਂ 2018 ਤੱਕ ਪਿੰਡ ਤਾਰਾਗੜ੍ਹ ਤਲਾਵਾ ਨੂੰ ਪੰਜਾਬ, ਕੇਂਦਰ ਸਰਕਾਰ ਅਤੇ ਜਿਲ੍ਹਾ ਪ੍ਰੀਸ਼ਦ ਰਾਹੀਂ ਵੱਖ ਵੱਖ ਸਕੀਮਾਂ ਅਧੀਨ ਪਿੰਡ ਦੇ ਵਿਕਾਸ ਲਈ ਪ੍ਰਾਪਤ ਹੋਈਆਂ ਕੁਲ ਗ੍ਰਾਂਟਾਂ ਨਾਲ ਸਬੰਧਤ 13 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-4-2019 ਰਾਹੀਂ ਇਸ ਕੇਸ ਵਿਚ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 31-5-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ। ਇਹ ਕੇਸ ਪੁਰਵਲੇ ਕਮਿਸ਼ਨ ਸ੍ਰੀ ਯਸ਼ਵੀਰ ਮਹਾਜਨ ਜੀ ਵਲੋਂ ਮਿਤੀ 13-11-2019 ਨੂੰ ਸੁਣਿਆ ਗਿਆ ਸੀ। ਹੁਣ ਇਹ ਕੇਸ ਇਸ ਕਮਿਸ਼ਨ ਨੂੰ ਅਲਾਟ ਕਰਨ ਉਪਰੰਤ ਇਸ ਕਮਿਸ਼ਨ ਵਲੋਂ ਇਨ੍ਹਾਂ ਅਪੀਲ ਕੇਸਾਂ ਨੂੰ ਪੜਚੋਲਣ ਉਪਰੰਤ ਮਿਤੀ 18-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਕੋਈ ਹਾਜ਼ਰ ਨਹੀਂ ਹੋਇਆ। ਪਰ ਉਸ ਵਲੋਂ ਈ.ਮੇਲ ਰਾਹੀਂ ਪੱਤਰ ਮਿਤੀ 29-1-2020 ਪ੍ਰਾਪਤ ਹੋਇਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ । ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਨਰਿੰਦਰ ਸਿੰਘ ਪੰਚਾਇਤ ਸਕੱਤਰ ਹਾਜ਼ਰ ਹੋਇਆ, ਉਸ ਵਲੋਂ ਪੱਤਰ ਮਿਤੀ 3-1-2020 ਪੇਸ਼ ਕੀਤਾ ਗਿਆ ਜ਼ੋ ਸ੍ਰੀ ਦਲਜੀਤ ਸਿੰਘ ਨੂੰ ਸੰਬੋਧਤ ਹੈ ਅਤੇ ਕਮਿਸ਼ਨ ਨੂੰ ਉਤਾਰਾ ਕੀਤਾ ਗਿਆ ਹੈ। ਮਿਸਲ ਤੇ ਰੱਖ ਲਿਆ ਗਿਆ ਹੈ। ਜ਼ੋ ਪਹਿਲਾਂ ਹੀ ਡਾਕ ਰਾਹੀਂ ਪ੍ਰਾਪਤ ਹੋਇਆ ਸੀ ਅਤੇ ਮਿਸਲ ਤੇ ਉਪਲਭਧ ਹੈ। ਇਸ ਤੋਂ ਇਲਾਵਾ ਪੀ.ਆਈ.ਓ. ਸ੍ਰੀ ਸਰਬਜੀਤ ਸਿੰਘ, ਬੀ.ਡੀ.ਪੀ.ਓ. ਜੰਡਿਆਲਾ ਗੁਰੂ ਵਲੋਂ ਹਲਫਿਆ ਬਿਆਨ ਰਾਹੀਂ ਡਾਕ ਰਾਹੀਂ ਪ੍ਰਾਪਤ ਹੋਇਆ ਹੈ। ਜ਼ੋ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਵਲੋਂ ਪ੍ਰਾਪਤ ਈ.ਮੇਲ. ਮਿਤੀ 29-1-2020 ਅਨੁਸਾਰ ਦਸਿਆ ਗਿਆ ਹੈ ਕਿ ਉਸਨੂੰ ਅਜੇ ਤੱਕ ਵੀ ਪੂਰੀ ਜਾਣਕਾਰੀ ਨਹੀਂ ਦਿੱਤੀ ਗਈ । ਹੁਣ ਤੱਕ ਕੁਲ 139 ਪੰਨੇ ਦਿੱਤੇ ਗਏ ਹਨ 133 ਪਹਿਲਾਂ ਅਤੇ 6 ਪੰਨੇ ਹੁਣ ਦਿੱਤੇ ਗਏ ਹਨ। ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਵਲੋਂ ਡਾਕ ਰਾਹੀਂ ਪ੍ਰਾਪਤ ਹਲਫੀਆ ਬਿਆਨ ਅਤੇ ਹਾਜਰ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਪੱਤਰ ਮਿਤੀ 3-1-2020 ਅਨੁਸਾਰ ਅਪੀਲਕਰਤਾ ਸ੍ਰੀ ਦਲਜੀਤ ਸਿੰਘ ਮਿਤੀ 3-1-2020 ਨੂੰ ਉਨ੍ਹਾਂ ਦੇ ਦਫਤਰ ਹਾਜ਼ਰ ਹੋਇਆ ਸੀ ਅਤੇ ਪ੍ਰਾਰਥੀ ਨੂੰ 1 ਤੋਂ 24 ਪੰਨੇ (ਗਰਾਂਟਾਂ ਦੇ ਵਰਤੋਂ ਸਰਟੀਫਿਕੇਟ) ਪ੍ਰਾਪਤ ਕਰਕੇ ਹਸੀਦ ਦੇਣ ਲਈ ਕਿਹਾ ਪਰ ਪ੍ਰਾਰਥੀ ਵਲੋਂ ਕਿਹਾ ਗਿਆ ਕਿ ਮੈਨੂੰ ਸੂਚਨਾ ਦੇ ਦਿੱਤੀ ਜਾਵੇ ਪਰ ਮੈ ਸੂਚਨਾ ਪ੍ਰਾਪਤ ਦੀ ਰਸੀਦ ਆਪਣੇ ਵਕੀਲ ਨਾਲ ਗੱਲ ਕਰਕੇ ਹੀ ਦੇਵਾਂਗਾ, ਇਸ ਤਰ੍ਹਾਂ ਪ੍ਰਾਰਥੀ ਸੂਚਨਾ ਪ੍ਰਾਪਤ ਕੀਤੇ ਬਿਨਾਂ ਹੀ ਦਫਤਰ ਵਿਚੋਂ ਚਲਾ ਗਿਆ। ਜ਼ੋ ਉਸਨੂ ਪੱਤਰ ਨੰ: 34728 ਮਿਤੀ 3-1-2020 ਰਾਹੀਂ ਭੇਜ਼ ਦਿੱਤੇ ਗਏ ਹਨ। ਇਸ ਤਰ੍ਹਾਂ ਉੱਤਰਦਾਤਾ ਵਲੋਂ ਅਪੀਲਕਰਤਾ ਦੁਆਰਾ ਮੰਗੀ ਗਈ ਸਾਰੀ ਸੂਚਨਾ ਮੁਹਈਆ ਕਰਵਾ ਦਿੱਤੀ ਗਈ ਹੈ ਅਤੇ ਹਲਫੀਆ ਬਿਆਨ ਵੀ ਪੇਸ਼ ਕੀਤਾ ਗਿਆ ਹੈ। ਕਮਿਸ਼ਨ ਉੱਤਰਦਾਤਾ ਵਲੋਂ ਮੁਹੱਈਆ ਕਰਵਾਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ ਕੀਤਾ** ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 29 **ਜਨਵਰੀ,** 2020.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਭੁਪਿੰਦਰ ਸਿੰਘ 9876389559
ਮਕਾਨ ਨੰ 97 ਰੋਜ਼ ਏਵਿਨਿਊ ਖੇਰੀ ਰੋਡ ਪਟਿਆਲਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਪੰਜਾਬੀ ਯੂਨੀਵਰਸਿਟੀ ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬੀ ਯੂਨੀਵਰਸਿਟੀ ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 3448/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਈਆ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਐਂਜਲ ਸ਼ਰਮਾਂ, ਵਕੀਲ (9876884444)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-02-2019, **ਲੋਕ ਸੂਚਨਾ ਅਧਿਕਾਰੀ,** ਦਫਤਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬੀ ਯੂਨੀਵਰਸਿਟੀ ਤੋਂ ਅਮਰਜੋ ਕੌਰ ਸਹਾਇਕ ਪ੍ਰੋਫੈਸਰ ਦੇ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਮਿਤੀ 23-10-2019 ਨੂੰ ਹੋਈ ਕਾਰਵਾਈ ਉਪਰੰਤ ਇਹ ਇਹ ਕੇਸ ਅਗਲੀ ਸੁਣਵਾਈ ਮਿਤੀ 14-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ_ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 14-11-2019 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਈਆ ਪਰ ਉਸ ਵਲੋਂ ਈ.ਮੇਲ ਰਾਹੀਂ ਸੂਚਿਤ ਕੀਤਾ ਗਿਆ ਕਿ ਪਿਛਲੀ ਮਿਤੀ 23-10-2019 ਨੂੰ ਉਸਨੂੰ ਲਿਖਤੀ ਰੂਪ ਵਿਚ ਤਰੁੱਟੀਆਂ ਨੋਟ ਕਰਵਾਉਣ ਲਈ ਕਿਹਾ ਗਿਆ ਸੀ ਪਰ ਉਸ ਨੂੰ ਅਜੇ ਤੱਕ ਕੋਈ ਹੁਕੱਮ ਪ੍ਰਾਪਤ ਨਹੀਂ ਹੋਏ। ਇਸ ਦੇ ਨਾਲ ਹੀ ਉਸ ਵਲੋਂ ਦਸਿਆ ਗਿਆ ਕਿ ਉਸ ਵਲੋਂ ਆਪਣਾ ਕੇਸ ਇਸ ਕਮਿਸ਼ਨ ਪਾਸੋਂ ਟਰਾਂਸਫਰ ਕਰਨ ਲਈ ਵੀ ਬੇਨਤੀ ਕੀਤੀ ਗਈ ਸੀ। ਉਸ ਸਬੰਧੀ ਫੈਸਲੇ ਬਾਰੇ ਵੀ ਸੂਚਿਤ ਨਹੀਂ ਕੀਤਾ ਗਿਆ।ਇਸ ਦੇ ਨਾਲ ਹੀ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਐਂਜਲ ਸ਼ਰਮਾਂ, ਵਕੀਲ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਇਹ ਕੇਸ ਅੱਜ ਅਪੀਲਕਰਤਾ ਵਲੋਂ ਪ੍ਰਾਪਤ ਹੋਈ ਸੂਚਨਾ ਤੇ ਤਰੁੱਟੀਆਂ ਨੋਟ ਕਰਵਾਉਣ ਲਈ ਨਿਸਚਿਤ ਕੀਤਾ ਗਿਆ ਸੀ ਪਰ ਅਪੀਲਕਰਤਾ ਵਲੋਂ ਅਜੇ ਤੱਕ ਕੋਈ ਤਰੁੱਟੀਆਂ ਪੇਸ਼ ਨਹੀਂ ਕੀਤੀਆਂ ਗਈਆਂ, ਇਸ ਲਈ ਇਹ ਕੇਸ ਦਾਖਲ ਦਫਤਰ ਕੀਤਾ ਜਾਵੇ। ਅਪੀਲਕਰਤਾ ਵਲੋਂ ਕਮਿਸ਼ਨ ਨੂੰ ਵੀ ਕੋਈ ਤਰੁੱਟੀਆਂ ਨੋਟ ਕਰਾਉਣ ਦੀ ਬਜਾਏ ਇਹ ਲਿਖਿਆ ਹੈ ਕਿ ਮੇਰਾ ਕੇਸ ਟਰਾਂਸਫਰ ਕਰਨ ਲਈ ਅਰਜੀ ਦਿੱਤੀ ਹੋਈ ਹੈ। ਇਸ ਕਰਕੇ ਤਰੀਖ ਦੀ ਮੰਗ ਕੀਤੀ ਗਈ ਹੈ। ਅਪੀਲਕਰਤਾ ਦੀ ਟਰਾਂਸਫਰ ਅਰਜੀ ਬਾਰੇ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਵਲੋਂ ਮੈਨੂੰ ਕੋਈ ਆਦੇਸ਼ ਨਹੀਂ ਦਿੱਤਾ ਗਿਆ। ਮੈ ਆਪਣੇ ਵਲੋਂ ਉੱਤਰਦਾਤਾ ਵਲੋਂ ਦਿੱਤੀ ਸੂਚਨਾ ਤੋਂ ਮੁਢੱਲੇ ਰੂਪ ਵਿਚ ਸੰਤੁਸ਼ਟ ਹਾਂ ਜਿਨ੍ਹਾਂ ਚਿਰ ਅਪੀਲਕਰਤਾ ਐਕਟ ਤਹਿਤ ਕੋਈ ਕਮੀ/ਤਰੁੱਟੀ ਮੇਰੇ ਧਿਆਨ ਵਿਚ ਨਹੀਂ ਲਿਆਉਂਦਾ। ਅਪੀਲਕਰਤਾ ਵਲੋਂ ਵਾਰ ਵਾਰ ਕੇਸ ਟਰਾਂਸਫਰ ਕਰਨ ਲਈ ਲਿਖਿਆ ਜਾ ਰਿਹਾ ਹੈ। ਇਸ ਲਈ ਉਸਦੀ ਬੇਨਤੀ ਨੂੰ ਮੁੱਖ ਰਖਦੇ ਹੋਏ ਉਸਦਾ ਇਹ ਅਪੀਲ ਕੇਸ ਡਿਪਟੀ ਰਜਿਸਟਰਾਰ ਨੂੰ ਅਗਲੇਰੀ ਕਾਰਵਾਈ / ਕਿਸੇ ਹੋਰ ਬੈਂਚ ਨੂੰ ਟਰਾਂਸਫਰ ਕਰਨ ਹਿੱਤ ਭੇਜਿਆ ਗਿਆ ਸੀ। ਕਮਿਸ਼ਨ ਵਲੋਂ ਪਹਿਲਾਂ ਹੀ ਮਿਤੀ 14-11-2019 ਨੂੰ ਜਾਰੀ ਹੁਕੱਮਾਂ ਵਿਚ ਸਪਸ਼ੱਟ ਕੀਤਾ ਗਿਆ ਸੀ ਕਿ ਅਪੀਲਕਰਤਾ ਦੀ ਟਰਾਂਸਫਰ ਅਰਜੀ ਬਾਰੇ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਵਲੋਂ ਮੈਨੂੰ ਕੋਈ ਆਦੇਸ਼ ਨਹੀਂ

ਪਰਤੋ ਜੀ ------ਚਲਦਾ ਪੰਨਾ /2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਦਿੱਤਾ ਗਿਆ ਸੀ। ਮੈ ਆਪਣੇ ਵਲੋਂ ਉੱਤਰਦਾਤਾ ਵਲੋਂ ਦਿੱਤੀ ਸੂਚਨਾ ਤੋਂ ਮੁਢੱਲੇ ਰੂਪ ਵਿਚ ਸੰਤੁਸ਼ਟ ਹਾਂ ਜਿਨ੍ਹਾਂ ਚਿਰ ਅਪੀਲਕਰਤਾ ਐਕਟ ਤਹਿਤ ਕੋਈ ਕਮੀ/ਤਰੁੱਟੀ ਮੇਰੇ ਧਿਆਨ ਵਿਚ ਨਹੀਂ ਲਿਆਉਂਦਾ। ਹੁਣ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਵਲੋਂ ਹੁਕੱਮ ਮਿਤੀ 07-01-2020 ਰਾਹੀਂ ਅਪੀਲਕਰਤਾ ਦਾ ਇਹ ਅਪੀਲ ਕੇਸ ਮੁੱੜ ਇਸ ਬੈਂਚ ਨੂੰ ਸੁਣਵਾਈ ਲਈ ਵਾਪਸ ਭੇਜ਼ ਦਿੱਤਾ ਗਿਆ ਹੈ। ਇਸ ਉਪਰੰਤ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਦੇ ਇਨ੍ਹਾਂ ਹੁਕੱਮਾਂ ਦੀ ਪਾਲਣਾ ਕਰਦੇ ਹੋਏ ਮਿਤੀ 07-01-2020 ਨੂੰ ਇਸ ਅਪੀਲ ਕੇਸ ਵਿਚ ਮੁੜ ਨੋਟਿਸ ਜ਼ਾਰੀ ਕਰਦੇ ਹੋਏ ਅਗਲੀ ਸੁਣਵਾਈ ਮਿਤੀ 29-01-2020 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਅੱਜ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਵਲੋਂ ਹਾਜਰ ਨਾ ਹੋਣ ਬਾਰੇ ਕੋਈ ਜਾਣਕਾਰੀ ਹੀ ਪ੍ਰਾਪਤ ਹੋਈ ਹੈ। ਅਪੀਲਕਰਤਾ ਵਲੋਂ ਹੁਕੱਮ ਮਿਤੀ 23-10-2019 ਦੀ ਪਾਲਣਾ ਵਿਚ ਅਜੇ ਤੱਕ ਪ੍ਰਾਪਤ ਹੋਈ ਸੂਚਨਾ ਵਿਚ ਪਾਈਆਂ ਤਰੁੱਟੀਆਂ ਬਾਰੇ ਕਮਿਸ਼ਨ ਨੂੰ ਲਿਖਤੀ ਰੂਪ ਵਿਚ ਕੋਈ ਪੱਤਰ ਪ੍ਰਾਪਤ ਨਹੀਂ ਹੋਇਆ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਐਂਜਲ ਸ਼ਰਮਾਂ, ਵਕੀਲ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਅਜੇ ਤੱਕ ਅਪੀਲਕਰਤਾ ਵਲੋਂ ਕੋਈ ਤਰੁੱਟੀਆਂ ਪੇਸ਼ ਨਹੀਂ ਕੀਤੀਆਂ ਗਈਆਂ ।

5. ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਕਮਿਸ਼ਨ ਨੂੰ ਪ੍ਰਾਪਤ ਹੋਈ ਸੂਚਨਾ ਵਿਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿਚ ਦਸਿਆ ਗਿਆ ਹੈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਉਨ੍ਹਾਂ ਵਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਭੇਜੀ ਗਈ ਸੂਚਨਾ ਸਬੰਧੀ ਕੋਈ ਤਰੁੱਟੀਆਂ ਪ੍ਰਾਪਤ ਨਹੀਂ ਹੋਈਆਂ। ਕਮਿਸ਼ਨ ਵਲੋਂ ਪਹਿਲਾਂ ਹੀ ਮਿਤੀ 14-11-2019 ਨੂੰ ਜਾਰੀ ਹੁਕੱਮਾਂ ਵਿਚ ਸਪਸ਼ੱਟ ਕੀਤਾ ਗਿਆ ਸੀ ਕਿ ਅਪੀਲਕਰਤਾ ਦੀ ਟਰਾਂਸਫਰ ਅਰਜੀ ਬਾਰੇ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਵਲੋਂ ਮੈਨੂੰ ਕੋਈ ਆਦੇਸ਼ ਨਹੀਂ ਦਿੱਤਾ ਗਿਆ। ਮੈ ਆਪਣੇ ਵਲੋਂ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਸੂਚਨਾ ਤੋਂ ਮੁਢੱਲੇ ਰੂਪ ਵਿਚ ਸੰਤੁਸ਼ਟ ਹਾਂ ਜਿਨ੍ਹਾਂ ਚਿਰ ਅਪੀਲਕਰਤਾ ਐਕਟ ਤਹਿਤ ਕੋਈ ਕਮੀ/ਤਰੁੱਟੀ ਮੇਰੇ ਧਿਆਨ ਵਿਚ ਨਹੀਂ ਲਿਆਉਂਦਾ। ਇਸ ਤਰ੍ਹਾਂ ਉਪਰ ਦਸੇ ਅਨੁਸਾਰ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਵਲੋਂ ਹੁਕੱਮ ਮਿਤੀ 07-01-2020 ਰਾਹੀਂ ਇਹ ਕੇਸ ਮੁੱੜ ਇਸ ਬੈਂਚ ਨੂੰ ਸੁਣਵਾਈ ਲਈ ਵਾਪਸ ਭੇਜ਼ ਦਿੱਤਾ ਗਿਆ ਹੈ। ਇਸ ਲਈ ਮੁੜ ਨੋਟਿਸ ਜ਼ਾਰੀ ਕਰਦੇ ਹੋਏ ਇਹ ਕੇਸ ਅੱਜ ਮਿਤੀ 29-01-2020 ਨੂੰ ਸਵੇਰੇ 11-30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ ਪਰ ਅੱਜ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਤਰੁੱਟੀਆਂ ਸਬੰਧੀ ਕੋਈ ਪੱਤਰ ਪ੍ਰਾਪਤ ਹੋਇਆ ਹੈ। ਇਸ ਤੋਂ ਸਪੱਸ਼ਟ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ, ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 29 **ਜਨਵਰੀ,** 2020.

**ਨੋਟ : ਸ੍ਰੀ ਭੁਪਿੰਦਰ ਸਿੰਘ, ਅਪੀਲਕਰਤਾ ਕੋਰਟ ਦੀ ਕਾਰਵਾਈ ਉਪਰੰਤ ਦਫਤਰ ਹਾਜ਼ਰ ਹੋਇਆ, ਉਸਨੂੰ ਕੋਰਟ ਵਿਚ ਹੋਈ ਕਾਰਵਾਈ ਬਾਰੇ ਦੱਸ ਦਿੱਤਾ ਗਿਆ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਭੁਪਿੰਦਰ ਸਿੰਘ 9876389559
ਮਕਾਨ ਨੰ 97 ਰੋਜ਼ ਏਵਿਨਿਊ ਖੇਰੀ ਰੋਡ ਪਟਿਆਲਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਪੰਜਾਬੀ ਯੂਨੀਵਰਸਿਟੀ ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬੀ ਯੂਨੀਵਰਸਿਟੀ ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 3457/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਈਆ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਐਂਜਲ ਸ਼ਰਮਾਂ, ਵਕੀਲ

**ਹੁਕੱਮ :-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-04-2019, **ਲੋਕ ਸੂਚਨਾ ਅਧਿਕਾਰੀ,** ਦਫਤਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬੀ ਯੂਨੀਵਰਸਿਟੀ ਤੋਂ ਐਮ.ਬੀ.ਏ. ਡਿਪਾਰਟਮੈਂਟ ਵਿਚ ਕੰਮ ਕਰ ਰਹੇ ਪ੍ਰੋਫੈਸਰ ਸ੍ਰੀ ਗੁਰਚਰਨ ਸਿੰਘ ਦੇ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ਮਿਤੀ 23-10-2019 ਨੂੰ ਹੋਈ ਕਾਰਵਾਈ ਉਪਰੰਤ ਇਹ ਇਹ ਕੇਸ ਅਗਲੀ ਸੁਣਵਾਈ ਮਿਤੀ 14-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 14-11-2019 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਈਆ ਪਰ ਉਸ ਵਲੋਂ ਈ.ਮੇਲ ਰਾਹੀਂ ਸੂਚਿਤ ਕੀਤਾ ਗਿਆ ਕਿ ਪਿਛਲੀ ਮਿਤੀ 23-10-2019 ਨੂੰ ਉਸਨੂੰ ਲਿਖਤੀ ਰੂਪ ਵਿਚ ਤਰੁੱਟੀਆਂ ਨੋਟ ਕਰਵਾਉਣ ਲਈ ਕਿਹਾ ਗਿਆ ਸੀ ਪਰ ਉਸ ਨੂੰ ਅਜੇ ਤੱਕ ਕੋਈ ਹੁਕੱਮ ਪ੍ਰਾਪਤ ਨਹੀਂ ਹੋਏ। ਇਸ ਦੇ ਨਾਲ ਹੀ ਉਸ ਵਲੋਂ ਦਸਿਆ ਗਿਆ ਕਿ ਉਸ ਵਲੋਂ ਆਪਣਾ ਕੇਸ ਇਸ ਕਮਿਸ਼ਨ ਪਾਸੋਂ ਟਰਾਂਸਫਰ ਕਰਨ ਲਈ ਵੀ ਬੇਨਤੀ ਕੀਤੀ ਗਈ ਸੀ। ਉਸ ਸਬੰਧੀ ਫੈਸਲੇ ਬਾਰੇ ਵੀ ਸੂਚਿਤ ਨਹੀਂ ਕੀਤਾ ਗਿਆ।ਇਸ ਦੇ ਨਾਲ ਹੀ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਐਂਜਲ ਸ਼ਰਮਾਂ, ਵਕੀਲ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਇਹ ਕੇਸ ਅੱਜ ਅਪੀਲਕਰਤਾ ਵਲੋਂ ਪ੍ਰਾਪਤ ਹੋਈ ਸੂਚਨਾ ਤੇ ਤਰੁੱਟੀਆਂ ਨੋਟ ਕਰਵਾਉਣ ਲਈ ਨਿਸਚਿਤ ਕੀਤਾ ਗਿਆ ਸੀ ਪਰ ਅਪੀਲਕਰਤਾ ਵਲੋਂ ਅਜੇ ਤੱਕ ਕੋਈ ਤਰੁੱਟੀਆਂ ਪੇਸ਼ ਨਹੀਂ ਕੀਤੀਆਂ ਗਈਆਂ, ਇਸ ਲਈ ਇਹ ਕੇਸ ਦਾਖਲ ਦਫਤਰ ਕੀਤਾ ਜਾਵੇ। ਅਪੀਲਕਰਤਾ ਵਲੋਂ ਕਮਿਸ਼ਨ ਨੂੰ ਵੀ ਕੋਈ ਤਰੁੱਟੀਆਂ ਨੋਟ ਕਰਾਉਣ ਦੀ ਬਜਾਏ ਇਹ ਲਿਖਿਆ ਹੈ ਕਿ ਮੇਰਾ ਕੇਸ ਟਰਾਂਸਫਰ ਕਰਨ ਲਈ ਅਰਜੀ ਦਿੱਤੀ ਹੋਈ ਹੈ। ਇਸ ਕਰਕੇ ਤਰੀਖ ਦੀ ਮੰਗ ਕੀਤੀ ਗਈ ਹੈ। ਅਪੀਲਕਰਤਾ ਦੀ ਟਰਾਂਸਫਰ ਅਰਜੀ ਬਾਰੇ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਵਲੋਂ ਮੈਨੂੰ ਕੋਈ ਆਦੇਸ਼ ਨਹੀਂ ਦਿੱਤਾ ਗਿਆ। ਮੈ ਆਪਣੇ ਵਲੋਂ ਉੱਤਰਦਾਤਾ ਵਲੋਂ ਦਿੱਤੀ ਸੂਚਨਾ ਤੋਂ ਮੁਢੱਲੇ ਰੂਪ ਵਿਚ ਸੰਤੁਸ਼ਟ ਹਾਂ ਜਿਨ੍ਹਾਂ ਚਿਰ ਅਪੀਲਕਰਤਾ ਐਕਟ ਤਹਿਤ ਕੋਈ ਕਮੀ/ਤਰੁੱਟੀ ਮੇਰੇ ਧਿਆਨ ਵਿਚ ਨਹੀਂ ਲਿਆਉਂਦਾ। ਅਪੀਲਕਰਤਾ ਵਲੋਂ ਵਾਰ ਵਾਰ ਕੇਸ ਟਰਾਂਸਫਰ ਕਰਨ ਲਈ ਲਿਖਿਆ ਜਾ ਰਿਹਾ ਹੈ। ਇਸ ਲਈ ਉਸਦੀ ਬੇਨਤੀ ਨੂੰ ਮੁੱਖ ਰਖਦੇ ਹੋਏ ਉਸਦਾ ਇਹ ਅਪੀਲ ਕੇਸ ਡਿਪਟੀ ਰਜਿਸਟਰਾਰ ਨੂੰ ਅਗਲੇਰੀ ਕਾਰਵਾਈ / ਕਿਸੇ ਹੋਰ ਬੈਂਚ ਨੂੰ ਟਰਾਂਸਫਰ ਕਰਨ ਹਿੱਤ ਭੇਜਿਆ ਗਿਆ ਸੀ। ਕਮਿਸ਼ਨ ਵਲੋਂ ਪਹਿਲਾਂ ਹੀ ਮਿਤੀ 14-11-2019 ਨੂੰ ਜਾਰੀ ਹੁਕੱਮਾਂ ਵਿਚ ਸਪਸ਼ੱਟ ਕੀਤਾ ਗਿਆ ਸੀ ਕਿ ਅਪੀਲਕਰਤਾ ਦੀ ਟਰਾਂਸਫਰ ਅਰਜੀ ਬਾਰੇ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਵਲੋਂ ਮੈਨੂੰ ਕੋਈ ਆਦੇਸ਼ ਨਹੀਂ

ਪਰਤੋ ਜੀ ------ਚਲਦਾ ਪੰਨਾ /2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਦਿੱਤਾ ਗਿਆ ਸੀ। ਮੈ ਆਪਣੇ ਵਲੋਂ ਉੱਤਰਦਾਤਾ ਵਲੋਂ ਦਿੱਤੀ ਸੂਚਨਾ ਤੋਂ ਮੁਢੱਲੇ ਰੂਪ ਵਿਚ ਸੰਤੁਸ਼ਟ ਹਾਂ ਜਿਨ੍ਹਾਂ ਚਿਰ ਅਪੀਲਕਰਤਾ ਐਕਟ ਤਹਿਤ ਕੋਈ ਕਮੀ/ਤਰੁੱਟੀ ਮੇਰੇ ਧਿਆਨ ਵਿਚ ਨਹੀਂ ਲਿਆਉਂਦਾ। ਹੁਣ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਵਲੋਂ ਹੁਕੱਮ ਮਿਤੀ 07-01-2020 ਰਾਹੀਂ ਅਪੀਲਕਰਤਾ ਦਾ ਇਹ ਅਪੀਲ ਕੇਸ ਮੁੱੜ ਇਸ ਬੈਂਚ ਨੂੰ ਸੁਣਵਾਈ ਲਈ ਵਾਪਸ ਭੇਜ਼ ਦਿੱਤਾ ਗਿਆ ਹੈ। ਇਸ ਉਪਰੰਤ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਦੇ ਇਨ੍ਹਾਂ ਹੁਕੱਮਾਂ ਦੀ ਪਾਲਣਾ ਕਰਦੇ ਹੋਏ ਮਿਤੀ 07-01-2020 ਨੂੰ ਇਸ ਅਪੀਲ ਕੇਸ ਵਿਚ ਮੁੜ ਨੋਟਿਸ ਜ਼ਾਰੀ ਕਰਦੇ ਹੋਏ ਅਗਲੀ ਸੁਣਵਾਈ ਮਿਤੀ 29-01-2020 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਅੱਜ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਵਲੋਂ ਹਾਜਰ ਨਾ ਹੋਣ ਬਾਰੇ ਕੋਈ ਜਾਣਕਾਰੀ ਹੀ ਪ੍ਰਾਪਤ ਹੋਈ ਹੈ। ਅਪੀਲਕਰਤਾ ਵਲੋਂ ਹੁਕੱਮ ਮਿਤੀ 23-10-2019 ਦੀ ਪਾਲਣਾ ਵਿਚ ਅਜੇ ਤੱਕ ਪ੍ਰਾਪਤ ਹੋਈ ਸੂਚਨਾ ਵਿਚ ਪਾਈਆਂ ਤਰੁੱਟੀਆਂ ਬਾਰੇ ਕਮਿਸ਼ਨ ਨੂੰ ਲਿਖਤੀ ਰੂਪ ਵਿਚ ਕੋਈ ਪੱਤਰ ਪ੍ਰਾਪਤ ਨਹੀਂ ਹੋਇਆ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਐਂਜਲ ਸ਼ਰਮਾਂ, ਵਕੀਲ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਅਜੇ ਤੱਕ ਅਪੀਲਕਰਤਾ ਵਲੋਂ ਕੋਈ ਤਰੁੱਟੀਆਂ ਪੇਸ਼ ਨਹੀਂ ਕੀਤੀਆਂ ਗਈਆਂ ।

5. ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਕਮਿਸ਼ਨ ਨੂੰ ਪ੍ਰਾਪਤ ਹੋਈ ਸੂਚਨਾ ਵਿਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿਚ ਦਸਿਆ ਗਿਆ ਹੈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਉਨ੍ਹਾਂ ਵਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਭੇਜੀ ਗਈ ਸੂਚਨਾ ਸਬੰਧੀ ਕੋਈ ਤਰੁੱਟੀਆਂ ਪ੍ਰਾਪਤ ਨਹੀਂ ਹੋਈਆਂ। ਕਮਿਸ਼ਨ ਵਲੋਂ ਪਹਿਲਾਂ ਹੀ ਮਿਤੀ 14-11-2019 ਨੂੰ ਜਾਰੀ ਹੁਕੱਮਾਂ ਵਿਚ ਸਪਸ਼ੱਟ ਕੀਤਾ ਗਿਆ ਸੀ ਕਿ ਅਪੀਲਕਰਤਾ ਦੀ ਟਰਾਂਸਫਰ ਅਰਜੀ ਬਾਰੇ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਵਲੋਂ ਮੈਨੂੰ ਕੋਈ ਆਦੇਸ਼ ਨਹੀਂ ਦਿੱਤਾ ਗਿਆ। ਮੈ ਆਪਣੇ ਵਲੋਂ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਸੂਚਨਾ ਤੋਂ ਮੁਢੱਲੇ ਰੂਪ ਵਿਚ ਸੰਤੁਸ਼ਟ ਹਾਂ ਜਿਨ੍ਹਾਂ ਚਿਰ ਅਪੀਲਕਰਤਾ ਐਕਟ ਤਹਿਤ ਕੋਈ ਕਮੀ/ਤਰੁੱਟੀ ਮੇਰੇ ਧਿਆਨ ਵਿਚ ਨਹੀਂ ਲਿਆਉਂਦਾ। ਇਸ ਤਰ੍ਹਾਂ ਉਪਰ ਦਸੇ ਅਨੁਸਾਰ ਚੀਫ ਰਾਜ ਸੂਚਨਾ ਕਮਿਸ਼ਨਰ ਜੀ ਵਲੋਂ ਹੁਕੱਮ ਮਿਤੀ 07-01-2020 ਰਾਹੀਂ ਇਹ ਕੇਸ ਮੁੱੜ ਇਸ ਬੈਂਚ ਨੂੰ ਸੁਣਵਾਈ ਲਈ ਵਾਪਸ ਭੇਜ਼ ਦਿੱਤਾ ਗਿਆ ਹੈ। ਇਸ ਲਈ ਮੁੜ ਨੋਟਿਸ ਜ਼ਾਰੀ ਕਰਦੇ ਹੋਏ ਇਹ ਕੇਸ ਅੱਜ ਮਿਤੀ 29-01-2020 ਨੂੰ ਸਵੇਰੇ 11-30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ ਪਰ ਅੱਜ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਤਰੁੱਟੀਆਂ ਸਬੰਧੀ ਕੋਈ ਪੱਤਰ ਪ੍ਰਾਪਤ ਹੋਇਆ ਹੈ। ਇਸ ਤੋਂ ਸਪੱਸ਼ਟ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ, ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 29 **ਜਨਵਰੀ,** 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਨੋਟ : ਸ੍ਰੀ ਭੁਪਿੰਦਰ ਸਿੰਘ, ਅਪੀਲਕਰਤਾ ਕੋਰਟ ਦੀ ਕਾਰਵਾਈ ਉਪਰੰਤ ਦਫਤਰ ਹਾਜ਼ਰ ਹੋਇਆ, ਉਸਨੂੰ ਕੋਰਟ ਵਿਚ ਹੋਈ ਕਾਰਵਾਈ ਬਾਰੇ ਦੱਸ ਦਿੱਤਾ ਗਿਆ।**